**ਵਿਦੇਸ਼ ਭੇਜਣ ਦੇ ਨਾਂ ’ਤੇ ਲੱਖਾਂ ਦੀ ਠੱਗੀ, 2 ਖ਼ਿਲਾਫ਼ ਮੁਕੱਦਮਾ ਦਰਜ।**

ਫਰੀਦਕੋਟ (ਰਾਜਨ)-ਸਥਾਨਕ ਪੁਲਸ ਲਾਈਨ ਨਿਵਾਸੀ ਇਕ ਔਰਤ ਦੇ ਲੜਕੇ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 10 ਲੱਖ ਤੋਂ ਵਧੇਰੇ ਦੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ’ਤੇ ਜ਼ਿਲ੍ਹੇ ਦੇ ਸੀਨੀਅਰ ਪੁਲਸ ਕਪਤਾਨ ਦੀਆਂ ਹਦਾਇਤਾਂ ’ਤੇ ਵੀਜ਼ਾ ਇਮੀਗ੍ਰੇਸ਼ਨ ਦੇ ਮਾਲਕ ਅਤੇ ਉਸ ਦੀ ਪਤਨੀ ’ਤੇ ਸਥਾਨਕ ਥਾਣਾ ਸਿਟੀ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।